# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-06-2024**

- ਕੇਂਦਰ ਵਿੱਚ NDA ਦੀ ਨਵੀਂ ਸਰਕਾਰ ਦੇ ਭਲਕੇ 9 ਜੂਨ ਨੂੰ, ਰਾਸ਼ਟਰਪਤੀ ਭਵਨ ਨਵੀਂ ਦਿੱਲੀ ਵਿਖੇ, ਹੋਣ ਵਾਲੇ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ, ਜ਼ੋਰਾਂ ’ਤੇ ਚੱਲ ਰਹੀਆਂ ਨੇ ।
- ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ ਯੋਗ ਅਭਿਆਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰੇਗਾ ।
- ਪੰਜਾਬ ਸਰਕਾਰ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਸਟੂਡੈਂਟਸ ਸਕੀਮ ਸਾਲ 2023- 24 ਦੀ ਬਕਾਇਆ ਰਕਮ ਜਾਰੀ ਕੀਤੀ ।
- ਸੁਨਾਮ ਨੇੜ੍ਹਲੇ ਪਿੰਡ ਕਣਕ-ਵਾਲ ਭੰਗੂਆਂ ਵਿਖੇ, ਨਵੇਂ ਬਣ ਰਹੇ ਸੈਲਰ ਦੀ ਕੰਧ ਡਿੱਗਣ ਨਾਲ, ਤਿੰਨ ਮਜ਼ਦੂਰਾਂ ਦੀ ਮੌਤ ਤੇ 2 ਗੰਭੀਰ ਰੂਪ ਵਿਚ ਜ਼ਖਮੀ ।

---

ਕੇਂਦਰ ਵਿੱਚ NDA ਦੀ ਨਵੀਂ ਸਰਕਾਰ ਦੇ ਭਲਕੇ 9 ਜੂਨ ਨੂੰ, ਰਾਸ਼ਟਰਪਤੀ ਭਵਨ ਨਵੀਂ ਦਿੱਲੀ ਵਿਖੇ ਹੋਣ ਵਾਲੇ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ ’ਤੇ ਚੱਲ ਰਹੀਆਂ ਨੇ । ਸਹੁੰ ਚੁੱਕ ਸਮਾਗਮ ਭਲਕੇ ਸ਼ਾਮ, ਸਵਾ ਸੱਤ ਵਜੇ ਰਾਸ਼ਟਰਪਤੀ ਭਵਨ ਵਿੱਚ ਹੋਵੇਗਾ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪ੍ਰਧਾਨ ਮੰਤਰੀ - ਮਨੋਨੀਤ ਨਰੇਂਦਰ ਮੋਦੀ ਨੂੰ ਨਵੀਂ ਸਰਕਾਰ ਬਣਾਉਣ ਦਾ ਸੱਦਾ ਦਿੱਤਾ ਏ । ਸ੍ਰੀ ਮੋਦੀ ਅਤੇ ਕੇਂਦਰੀ ਮੰਤਰੀ ਪ੍ਰੀਸ਼ਦ ਦੇ ਮੈਂਬਰਾਂ ਨੂੰ ਰਾਸ਼ਟਰਪਤੀ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਉਣਗੇ । ਇਸ ਦੌਰਾਨ ਰਾਸ਼ਟਰਪਤੀ ਭਵਨ ਦੇ ਬਾਹਰ ਗੱਲਬਾਤ ਕਰਦਿਆਂ, ਸ੍ਰੀ ਨਰੇਂਦਰ ਮੋਦੀ ਨੇ ਕਿਹਾ ਕਿ NDA ਇੱਕ ਮਜ਼ਬੂਤ, ਸਥਿਰ ਅਤੇ ਵਿਕਾਸ ਪੱਖੀ ਸਰਕਾਰ ਬਣਾਏਗੀ । ਸ੍ਰੀ ਮੋਦੀ ਨੇ ਕਿਹਾ ਕਿ ਲੋਕਾਂ ਨੇ ਐਨ.ਡੀ.ਏ ਸਰਕਾਰ ਨੂੰ, ਇੱਕ ਹੋਰ ਮੌਕਾ ਦਿੱਤਾ ਏ ਅਤੇ ਇਹ 18ਵੀਂ ਲੋਕ ਸਭਾ, ਨਵੀਂ ਅਤੇ ਨੌਜਵਾਨ ਊਰਜਾ ਦਾ ਸਦਨ ਏ ।

-----------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ ਯੋਗ ਅਭਿਆਸ ਬਾਰੇ

ਜਾਗਰੂਕਤਾ ਪੈਦਾ ਕਰਨ ਲਈ, ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰੇਗਾ । ਸੂਚਨਾ ਤੇ ਪ੍ਰਸਾਰਣ ਸਕੱਤਰ ਸੰਜੇ ਜਾਜੂ ਅਤੇ ਆਯੂਸ਼ ਮੰਤਰਾਲਾ ਦੇ ਸਕੱਤਰ ਰਾਜੇਸ਼ ਕੋਟੇਚਾ ਨੇ, ਕੌਮਾਂਤਰੀ ਯੋਗ ਦਿਵਸ 2024 ਦੇ ਸਮਾਗਮਾਂ ਦੀਆਂ ਤਿਆਰੀਆਂ ਦੀ ਨਵੀਂ ਦਿੱਲੀ ਵਿੱਚ ਸਮੀਖਿਆ ਕੀਤੀ। ਸੰਯੁਕਤ ਰਾਸ਼ਟਰ ਵਲੋਂ 2014 ਵਿੱਚ ਅਪਣਾਏ ਜਾਣ ਤੋਂ ਬਾਅਦ ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ, ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ।

------------------------------------------------------------

ਪੰਜਾਬ ਸਰਕਾਰ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਸਟੂਡੈਂਟਸ ਸਕੀਮ ਸਾਲ 2023- 24 ਦੇ ਬਕਾਇਆ ਰਹਿੰਦੇ ਇਕ ਲੱਖ 17 ਹਜ਼ਾਰ 346 ਵਿਦਿਆਰਥੀਆਂ ਲਈ 91 ਕਰੋੜ 46 ਲੱਖ ਰੁਪਏ ਦੀ ਰਕਮ ਸੂਬਾ ਸਰਕਾਰ ਦੇ ਹਿੱਸੇ ਵਜੋਂ ਜਾਰੀ ਕਰ ਦਿੱਤੀ ਏ। ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਏ ਅਤੇ ਇਸ ਸਕੀਮ ਦਾ ਮੁੱਖ

ਟੀਚਾ ਅਤਿ ਗਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪੂਰੀ ਕਰਨ ਲਈ ਮਦਦ ਦੇਣਾ ਏ । ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਰਕਮ ਦੇ ਜਾਰੀ ਹੋਣ ਨਾਲ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇਗਾ ।

----------------------------------------------------

ਪੰਜਾਬ ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਸ਼ੋਕ ਸਿੰਗਲਾ ਬਠਿੰਡਾ ਜ਼ਿਲੇ ਦੇ ਹਰ-ਰਾਇਪੁਰ ਗਊਸ਼ਾਲਾ ਦਾ ਦੌਰਾ ਕਰਕੇ ਹਲਾਤਾਂ ਦਾ ਜਾਇਜ਼ਾ ਲਿਆ। ਪਸ਼ੂ ਪਾਲਣ ਵਿਭਾਗ ਦੇ ਡਾਕਟਰਾਂ ਨੇ ਦੱਸਿਆ ਕਿ ਦੋ ਗੌਵੰਸ਼ ਦਾ ਪੋਸਟਮਾਰਟਮ ਕੀਤਾ ਗਿਆ ਸੀ, ਇੱਕ ਦੇ ਪੇਟ ਵਿਚੋਂ ਲਿਫਾਫੇ ਨਿਕਲੇ ਜਦਕਿ ਦੂਜੇ ਦੇ ਪੇਟ ਵਿਚੋਂ ਸਿਰਫ ਤੂੜੀ ਹੀ ਨਿਕਲੀ, ਜਿਸ ਤੋਂ ਸਾਬਤ ਹੁੰਦਾ ਏ ਕਿ ਪਸ਼ੂਆਂ ਨੂੰ ਸਿਰਫ ਤੂੜੀ ਹੀ ਪਾਈ ਗਈ, ਤੂੜੀ ਖਾਣ ਤੋਂ ਬਾਅਦ ਪਾਣੀ ਪੀਣ ਨਾਲ ਵੀ ਪੇਟ ਵਿੱਚ ਗਲਦੀ ਨਹੀਂ ਏ । ਡਾਕਟਰਾਂ ਵਲੋਂ ਦਿੱਤੀ ਜਾਣਕਾਰੀ ਉਪਰੰਤ ਅਸ਼ੋਕ ਸਿੰਗਲਾ ਨੇ ਪਸ਼ੂ ਪਾਲਣ ਸਮੇਤ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਗਊਸ਼ਾਲਾ ਦੇ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ । ਇਸ ਦੌਰਾਨ ਪ੍ਰਸ਼ਾਸਨ ਨੇ ਸੰਸਥਾਵਾਂ ਤੋਂ ਮੱਦਦ

ਦਾ ਭਰੋਸਾ ਮੰਗਿਆ ਅਤੇ ਪ੍ਰਸ਼ਾਸਨ ਵਲੋਂ ਪੂਰੀ ਤਨਦੇਹੀ ਨਾਲ ਸਾਥ ਦੇਣ ਦਾ ਭਰੋਸਾ ਵੀ ਦਿਵਾਇਆ।

---------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਕ਼ਾਨੂਨ ਖੇਤਰ ਨਾਲ ਜੁੜੇ ਮਾਹਰ ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------

ਡੇਅਰੀ ਵਿਕਾਸ ਵਿਭਾਗ ਪਟਿਆਲਾ ਦੇ ਡਿਪਟੀ ਡਾਇਰੈਕਟਰ ਚਰਨਜੀਤ ਸਿੰਘ ਨੇ ਕਿਹਾ ਏ ਕਿ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ ਮੂੰਹ ਖੁਰ, ਲੰਪੀ ਸਕਿਨ, ਗਲਘੋਟੂ ਆਦਿ ਦਾ ਟੀਕਾਕਰਣ ਕੀਤਾ ਜਾਂਦਾ

ਏ ਪਰ ਕਈ ਵਾਰ ਪਸ਼ੂਆਂ ਦੀ ਮੌਤ ਹੋ ਜਾਂਦੀ ਏ ਅਤੇ ਪਸ਼ੂ-ਧਨ ਦੇ ਵਿੱਤੀ ਨੁਕਸਾਨ ਨੂੰ ਘੱਟ ਕਰਨ ਲਈ ਸਰਕਾਰ ਬੀਮੇ ਦੀ ਰਾਸ਼ੀ ਤੇ ਸਬਸਿਡੀ ਦੀ ਸਹੂਲਤ ਵੀ ਦੇਂਦੀ ਏ। ਉਨ੍ਹਾਂ ਦੱਸਿਆ ਕਿ ਪਸ਼ੂਆਂ ਦੇ ਆਰਥਿਕ ਨੁਕਸਾਨ ਨੂੰ ਘੱਟ ਕਰਨ ਲਈ ਕੌਮੀ ਪਸ਼ੂ-ਧਨ ਮਿਸ਼ਨ ਸਕੀਮ ਅਧੀਨ ਪਸ਼ੂਆਂ (ਮੱਝਾਂ ਅਤੇ ਗਾਵਾਂ) ਦੇ ਬੀਮੇ ਦੀ ਰਾਸ਼ੀ ਤੇ ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ 70 ਪ੍ਰਤੀਸ਼ਤ ਅਤੇ ਜਨਰਲ ਵਰਗ ਦੇ ਲਾਭਪਾਤਰੀਆਂ ਨੂੰ 50 ਪ੍ਰਤੀਸ਼ਤ ਸਬਸਿਡੀ ਦਿੱਤੀ ਜਾ ਰਹੀ ਏ। ਇਹ ਸਕੀਮ ਸੂਬਾ ਤੇ ਕੇਂਦਰ ਸਰਕਾਰ ਦੀ ਸਾਂਝੀ ਸਕੀਮ ਏ ਅਤੇ ਪ੍ਰਤੀ ਪਰਿਵਾਰ 1 ਤੋਂ 5 ਪਸ਼ੂਆਂ ਤੱਕ ਹੀ ਉਪਲਬਧ ਏ ਜਿਸ ਵਿੱਚ ਪਸ਼ੂ ਦੀ ਕੀਮਤ 70 ਹਜ਼ਾਰ ਰੁਪਏ ਨਿਰਧਾਰਿਤ ਕੀਤੀ ਗਈ ਏ। ਸਕੀਮ ਅਧੀਨ ਇੱਕ ਸਾਲ ਦਾ ਬੀਮਾ ਐਸ.ਸੀ ਅਤੇ ਐਸ.ਟੀ ਲਾਭਪਾਤਰੀਆਂ ਦੇ ਪਸ਼ੂਆਂ ਦਾ 672 ਰੁਪਏ ਵਿੱਚ ਅਤੇ ਜਨਰਲ ਲਾਭਪਾਤਰੀਆਂ ਦੇ ਪਸ਼ੂਆਂ ਦਾ 1120 ਰੁਪਏ ਵਿੱਚ ਕੀਤਾ ਜਾ ਰਿਹਾ ਏ।

-----------------------------------------------------------

ਐਸ.ਏ.ਐਸ.ਨਗਰ, ਮੋਹਾਲੀ ਦੇ ਮੇਅਰ ਅਮਰਜੀਤ ਸਿੰਘ ਸਿੱਧੂ

ਨੇ, ਹਰਿਆਵਲ ਨੂੰ ਵਧਾਉਣ ਦੇ ਮਕਸਦ ਨਾਲ, ਨਵੇਂ ਰੁੱਖ ਲਗਾਉਣ ਦੇ ਮਿਸ਼ਨ ਦੀ ਸ਼ੁਰੂਆਤ ਕੀਤੀ ਏ । ECO ਪਲਾਂਟੇਸ਼ਨ ਐਸੋਸੀਏਸ਼ਨ ਦੇ ਸਹਿਯੋਗ ਨਾਲ, ਮਿਸ਼ਨ ਨੇ ਪੂਰੇ ਸ਼ਹਿਰ ਵਿੱਚ 5 ਹਜ਼ਾਰ ਰੁੱਖ ਲਗਾਉਣ ਦਾ ਟੀਚਾ ਰੱਖਿਆ ਏ । ਹਰੇਕ ਮਿਉਂਸਪਲ ਕੌਂਸਲਰ ਨੂੰ ਆਪਣੇ-ਆਪਣੇ ਵਾਰਡਾਂ ਵਿੱਚ 100 ਰੁੱਖ ਲਗਾਉਣ ਨੂੰ ਯਕੀਨੀ ਬਣਾਉਣ ਲਈ ਪਹਿਲਕਦਮੀ ਦੀ ਅਗਵਾਈ ਕਰਨ ਲਈ ਨਾਮਜ਼ਦ ਕੀਤਾ ਗਿਆ ਏ । ਮੇਅਰ ਨੇ ਗੈਰ ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਇਸ ਵਿਲੱਖਣ ਤੇ ਪ੍ਰਭਾਵਸ਼ਾਲੀ ਪਹਿਲਕਦਮੀ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ ਏ । ਕੁਦਰਤ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਉਨ੍ਹਾਂ ਕਿਹਾ ਕਿ ਕੁਦਰਤ ਨੇ ਸਾਨੂੰ ਤਾਜ਼ੀ ਹਵਾ, ਹਰਿਆਲੀ ਅਤੇ ਬਨਸਪਤੀ ਦੇ ਰੂਪ ਵਿੱਚ ਬਹੁਤ ਵੱਡਾ ਖ਼ਜ਼ਾਨਾ ਬਖਸ਼ਿਆ ਏ । ਬਦਕਿਸਮਤੀ ਨਾਲ, ਅਸੀਂ ਅਕਸਰ ਇਨ੍ਹਾਂ ਤੋਹਫ਼ਿਆਂ ਨੂੰ ਮਾਮੂਲੀ ਸਮਝਦੇ ਹਾਂ ਅਤੇ ਹੁਣ ਕੁਦਰਤ ਨੂੰ ਵਾਪਸ ਦੇਣ ਦਾ ਸਮਾਂ ਆ ਗਿਆ ਏ ।

---------------------------------------------------------------

ਓਧਰ ਲੁਧਿਆਣਾ ਜ਼ਿਲਾ ਪ੍ਰਸ਼ਾਸਨ ਨੇ ਵੀ ਜੰਗਲਾਤ ਰਾਹੀਂ ਜ਼ਿਲੇ ਨੂੰ ਹਰਾ-ਭਰਾ ਵਾਤਾਵਰਣ ਪ੍ਰਦਾਨ ਕਰਨ ਦੇ ਉਦੇਸ਼ ਤਹਿਤ ਅਗਲੇ ਮਹੀਨੇ

ਤੋਂ ਡੇਢ ਲੱਖ ਬੂਟੇ ਲਗਾਉਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ ਕੀਤਾ ਏ ਅਤੇ ਹਰੇਕ ਵਿਭਾਗ ਲਈ ਟੀਚੇ ਮਿੱਥੇ ਨੇ । ਵਧੀਕ ਡਿਪਟੀ ਕਮਿਸ਼ਨਰ ਅਨਮੋਲ ਸਿੰਘ ਧਾਲੀਵਾਲ ਨੇ ਇਸ ਬਾਰੇ ਕੀਤੀ ਇਕ ਮੀਟਿੰਗ ਵਿਚ ਦੱਸਿਆ ਕਿ ਇਹ ਬੂਟੇ ਪੰਚਾਇਤੀ ਜ਼ਮੀਨਾਂ, ਪਿੰਡਾਂ ਦੇ ਛੱਪੜਾਂ ਦੇ ਆਲੇ-ਦੁਆਲੇ, ਸੜਕਾਂ ਦੇ ਕਿਨਾਰਿਆਂ, ਵਿਦਿਅਕ ਸੰਸਥਾਵਾਂ, ਸਿਹਤ ਸੰਭਾਲ ਕੇਂਦਰਾਂ ਅਤੇ ਹਰੇਕ ਵਿਭਾਗ ਵੱਲੋਂ ਉਨ੍ਹਾਂ ਦੀਆਂ ਖਾਲੀ ਪਈਆਂ ਜ਼ਮੀਨਾਂ 'ਤੇ ਹਰਿਆਲੀ ਵਧਾਉਣ ਲਈ ਲਗਾਏ ਜਾਣਗੇ । ਵਿਭਾਗਾਂ ਦੇ ਮੁੱਖੀਆਂ ਨੂੰ ਉਨ੍ਹਾਂ ਕਿਹਾ ਕਿ ਉਹ ਆਪੋ - ਆਪਣੇ ਵਿਭਾਗਾਂ ਵਿੱਚ ਨੋਡਲ ਅਫ਼ਸਰ ਨਿਯੁਕਤ ਕਰਨ ਤਾਂ ਜੋ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ । ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ 'ਗਰੀਨ ਐਂਡ ਕਲੀਨ ਲੁਧਿਆਣਾ' ਬਣਾਉਣ ਲਈ ਵਾਤਾਵਰਨ ਸੰਭਾਲ ਦੇ ਦੂਤ ਬਣਨਾ ਚਾਹੀਦਾ ਏ ।

----------------------------------------------------

ਸੰਗਰੂਰ ਜ਼ਿਲੇ ਵਿਚ ਸੁਨਾਮ ਨੇੜ੍ਹਲੇ ਪਿੰਡ ਕਣਕ-ਵਾਲ ਭੰਗੂਆਂ ਵਿਖੇ, ਇੱਕ ਨਵੇਂ ਬਣ ਰਹੇ ਸੈਲਰ ਦੀ ਅੱਜ ਕੰਧ ਡਿੱਗਣ ਨਾਲ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ ਅਤੇ ਦੋ ਹੋਰ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ । ਜ਼ਖਮੀਆਂ ਵਿਚੋਂ ਇਕ ਮਜ਼ਦੂਰ ਦੀ ਹਾਲਤ ਬੇਹੱਦ ਨਾਜ਼ੁਕ ਏ ਅਤੇ

ਡਾਕਟਰਾਂ ਨੇ ਉਸ ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿਖੇ ਰੈਫ਼ਰ ਕਰ ਦਿੱਤਾ ਏ। ਜਾਣਕਾਰੀ ਅਨੁਸਾਰ ਇੱਕ ਨਵੇਂ ਸੈਲਰ ਦੀ ਉਸਾਰੀ ਹੋ ਰਹੀ ਸੀ, ਜਿਸਦੀ ਕੰਧ ਦਾ ਪਲੱਸਤਰ ਕਰਦਿਆਂ ਇਹ ਕੰਧ ਡਿੱਗ ਪਈ ਅਤੇ ਮਜ਼ਦੂਰ ਹੇਠਾਂ ਦਬ ਗਏ। ਥਾਣਾ ਧਰਮਗੜ੍ਹ ਦੇ ਮੁਖੀ ਕਰਮਜੀਤ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਪੜਤਾਲ ਚੱਲ ਰਹੀ ਏ ਅਤੇ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।